# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-05-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਸਰਕਾਰ ਨੇ ਕਿਹਾ -ਕਿਸੇ ਵੀ ਪੈਟਰੋਲੀਅਮ ਉਤਪਾਦ ਦੀ ਕੋਈ ਕਮੀ ਨਹੀਂ ਏ ਅਤੇ ਦੇਸ਼ ਕੋਲ 60 ਦਿਨਾਂ ਦਾ ਕੱਚਾ ਤੇਲ ਤੇ ਕੁਦਰਤੀ ਗੈਸ ਅਤੇ 45 ਦਿਨਾਂ ਦਾ LPG ਭੰਡਾਰ ਮੌਜੂਦ ਏ ।
- ਪੰਜਾਬ ਰਾਜ ਚੋਣ ਕਮਿਸ਼ਨ ਵਲੋਂ ਸੂਬੇ ਵਿੱਚ 26 ਮਈ ਨੂੰ ਹੋਣ ਵਾਲੀਆਂ, 105 ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਚੋਣਾਂ ਲਈ ਚੋਣ ਪ੍ਰੋਗਰਾਮ ਦਾ ਐਲਾਨ -ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।
- ਪੰਜਾਬ ਸਕੂਲ ਸਿੱਖਿਆ ਬੋਰਡ ਨੇ 10ਵੀਂ ਜਮਾਤ ਦਾ ਨਤੀਜਾ ਐਲਾਨਿਆ-ਪਾਸ ਫ਼ੀਸਦ 94.52 ਫੀਸਦੀ ਰਹੀ-

ਕੁੜੀਆਂ ਨੇ ਮੁੰਡਿਆਂ ਨੂੰ ਪਿਛੇ ਛੱਡਦਿਆਂ ਫਰੀਦਕੋਟ ਦੇ ਜੈਤੋ ਦੀ ਹਰਲੀਨ ਸ਼ਰਮਾ ਰਹੀ ਅਵੱਲ I

- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਹਨੇਰੀ-ਝੱਖੜ ਨਾਲ ਬਿਜਲੀ ਲਿਸ਼ਕਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ।
- -IPL ਕ੍ਰਿਕੇਟ ਵਿੱਚ, ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ, ਧਰਮਸ਼ਾਲਾ ਵਿੱਚ ਸ਼ਾਮੀਂ ਸਾਢੇ 7 ਵਜੇ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

---

ਸਰਕਾਰ ਨੇ ਕਿਹਾ ਏ ਕਿ ਕਿਸੇ ਵੀ ਪੈਟਰੋਲੀਅਮ ਉਤਪਾਦ ਦੀ ਕੋਈ ਕਮੀ ਨਹੀਂ ਏ ਅਤੇ ਦੇਸ਼ ਕੋਲ 60 ਦਿਨਾਂ ਦਾ ਕੱਚਾ ਤੇਲ, 60 ਦਿਨਾਂ ਦਾ ਕੁਦਰਤੀ ਗੈਸ ਅਤੇ 45 ਦਿਨਾਂ ਦਾ ਐਲਪੀਜੀ ਭੰਡਾਰ ਮੌਜੂਦ ਏ। ਇਹ ਜਾਣਕਾਰੀ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਬਾਰੇ ਮੰਤਰੀਆਂ ਦੇ ਗੈਰ-ਰਸਮੀ ਸਮੂਹ ਦੀ 5ਵੀਂ ਮੀਟਿੰਗ ਦੌਰਾਨ ਦਿਤੀ

ਗਈ। ਮੀਟਿੰਗ ਵਿੱਚ ਸੰਘਰਸ਼ ਦੇ ਮੌਜੂਦਾ ਹਾਲਾਤ ਦੀ ਸਮੀਖਿਆ ਕੀਤੀ ਗਈ ਅਤੇ ਲੋਕਾਂ 'ਤੇ ਇਸਦੇ ਘੱਟੋ-ਘੱਟ ਪ੍ਰਭਾਵ ਨੂੰ ਯਕੀਨੀ ਬਣਾਉਣ ਲਈ ਦੇਸ਼ ਦੀ ਤਿਆਰੀ ਨੂੰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ ਗਈ। ਭਾਰਤ ਉਨ੍ਹਾਂ ਕੁਝ ਦੇਸ਼ਾਂ ਵਿੱਚੋਂ ਇੱਕ ਏ ਜਿੱਥੇ ਟਕਰਾਅ ਸ਼ੁਰੂ ਹੋਣ ਤੋਂ 70 ਦਿਨਾਂ ਤੋਂ ਵੱਧ ਸਮੇਂ ਬਾਅਦ ਵੀ, ਆਲਮੀ ਅਸਥਿਰਤਾ ਦੇ ਇਸ ਸਮੇਂ ਵਿੱਚ ਪੈਟਰੋਲੀਅਮ ਦੀਆਂ ਕੀਮਤਾਂ ਸਥਿਰ ਰਹੀਆਂ ਹਨ। ਮੰਤਰੀਆਂ ਨੂੰ ਦੱਸਿਆ ਗਿਆ ਕਿ ਜਨਤਾ ਲਈ ਜ਼ਰੂਰੀ ਵਸਤੂਆਂ ਦੇ ਢੁਕਵੇਂ ਭੰਡਾਰ ਅਤੇ ਮੌਜੂਦਾ ਭੰਡਾਰ ਸੰਕਟ ਜਾਰੀ ਰਹਿਣ ਦੀ ਸਥਿਤੀ ਵਿੱਚ ਲੰਬੇ ਸਮੇਂ ਦੀ ਸਮਰੱਥਾ ਬਣਾਉਣ ਲਈ ਹਨ। ਸਰਕਾਰ ਨੇ ਕਿਹਾ ਕਿ ਸਪਲਾਈ ਪ੍ਰਬੰਧਨ ਸਹੀ ਏ ਅਤੇ ਲੋਕਾਂ ਨੂੰ ਘਬਰਾਉਣ ਜਾਂ ਈਧਨ ਅਤੇ ਹੋਰ ਉਤਪਾਦਾਂ ਦੀ ਜ਼ਿਆਦਾ ਖਰੀਦਦਾਰੀ ਕਰਨ ਦੀ ਕੋਈ ਲੋੜ ਨਹੀਂ ਏ ।

---------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ 26 ਮਈ ਨੂੰ ਸੂਬੇ ਵਿੱਚ 8 ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਸਮੇਤ

105 ਸਥਾਨਕ ਸੰਸਥਾਵਾਂ ਲਈ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਏ । ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ। ਜਿਨ੍ਹਾਂ 8 ਨਗਰ ਨਿਗਮਾਂ ਵਿੱਚ ਚੋਣਾਂ ਹੋਣ ਜਾ ਰਹੀਆਂ ਨੇ ਉਨ੍ਹਾਂ ਵਿੱਚ ਬਠਿੰਡਾ, ਮੋਗਾ, ਪਠਾਨਕੋਟ, ਬਟਾਲਾ, ਮੋਹਾਲੀ, ਅਬੋਹਰ, ਬਰਨਾਲਾ ਅਤੇ ਕਪੂਰਥਲਾ ਸ਼ਾਮਲ ਨੇ। ਰਜਿਸਟਰਡ ਵੋਟਰਾਂ ਦੀ ਕੁੱਲ ਗਿਣਤੀ 36 ਲੱਖ 72 ਹਜ਼ਾਰ 932 ਏ, ਜਿਨ੍ਹਾਂ ਵਿੱਚ 18 ਲੱਖ 98 ਹਜ਼ਾਰ ਤੋਂ ਵੱਧ ਮਰਦ ਅਤੇ 17 ਲੱਖ 73 ਹਜ਼ਾਰ ਔਰਤਾਂ ਅਤੇ 226 ਹੋਰ ਵੋਟਰ ਨੇ। ਵੋਟਰਾਂ ਨੂੰ ਆਪਣੀ ਵੋਟ ਪਾਉਣ ਦੇ ਹੱਕ ਦੀ ਵਰਤੋਂ ਕਰਨ ਲਈ ਜ਼ਿਲ੍ਹਿਆਂ ਵਿੱਚ 3 ਹਜ਼ਾਰ 977 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਨੇ। ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਚੋਣ ਪ੍ਰੋਗਰਾਮ ਦਾ ਐਲਾਨ ਕਰਦੇ ਹੋਏ ਕਿਹਾ ਕਿ ਚੋਣ ਪ੍ਰੋਗਰਾਮ ਦੇ ਐਲਾਨ ਦੇ ਨਾਲ ਹੀ, ਸਾਰੀਆਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਜਿੱਥੇ ਚੋਣਾਂ ਹੋਣ ਜਾ ਰਹੀਆਂ ਹਨ, ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ । ਇਹ ਚੋਣ ਪ੍ਰਕਿਰਿਆ ਪੂਰੀ

ਹੋਣ ਤੱਕ ਲਾਗੂ ਰਹੇਗਾ। ਚੋਣਾਂ ਲੜ ਰਹੇ ਉਮੀਦਵਾਰਾਂ ਲਈ ਨਾਮਜ਼ਦਗੀ ਪ੍ਰਕਿਰਿਆ 13 ਮਈ ਤੋਂ ਸ਼ੁਰੂ ਹੋਵੇਗੀ ਅਤੇ 16 ਮਈ ਤੱਕ ਜਾਰੀ ਰਹੇਗੀ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ, ਜਦੋਂ ਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 19 ਮਈ ਨਿਰਧਾਰਤ ਕੀਤੀ ਗਈ ਏ । ਕਮਿਸ਼ਨ ਨੇ ਚੋਣਾਂ ਨੂੰ ਨਿਰਪੱਖ, ਆਜ਼ਾਦ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਕੀਤੇ ਨੇ ।

---

ਪੰਜਾਬ ਸਕੂਲ ਸਿੱਖਿਆ ਬੋਰਡ ਨੇ 10ਵੀਂ ਜਮਾਤ ਦਾ ਨਤੀਜਾ ਐਲਾਨ ਦਿੱਤਾ ਏ । ਇਸ ਸਾਲ 2025-26 ਚ, 2 ਲਖ 69 ਹਜ਼ਾਰ 505 ਰੈਗੂਲਰ ਪ੍ਰੀਖਿਆਰਥੀਆਂ ਵਿਚੋਂ 2 ਲੱਖ 54 ਹਜ਼ਾਰ 744 ਪਾਸ ਹੋਏ ਅਤੇ ਪਾਸ ਫ਼ੀਸਦ 94.52 ਫੀਸਦੀ ਰਹੀ ਏ । ਕੁੜੀਆਂ ਦੀ ਪਾਸ ਫ਼ੀਸਦ 95.96 ਅਤੇ ਮੁੰਡਿਆਂ ਦੀ ਪਾਸ ਫ਼ੀਸਦ 93.23 ਰਹੀ ਏ । ਕੁੜੀਆਂ ਨੇ ਮੁੰਡਿਆਂ ਨੂੰ ਇਕ ਵਾਰ ਫਿਰ ਪਿਛੇ ਛੱਡ ਦਿੱਤਾ ਏ । ਬੋਰਡ ਦੇ ਚੇਅਰਮੈਨ ਡਾ ਅਮਰਪਾਲ ਸਿੰਘ ਨੇ ਨਤੀਜਿਆਂ ਦੇ ਵੇਰਵੇ ਸਾਂਝੇ ਕਰਦਿਆਂ ਦਸਿਆ ।

BYTE:RNU110526

ਇਸ ਤੋਂ ਇਲਾਵਾ ਇੱਕ ਈ-ਰਿਕਸ਼ਾ ਚਾਲਕ ਦਾ ਪੁੱਤਰ ਮਹੇਸ਼ ਕੁਮਾਰ ਠਾਕੁਰ  ਬੋਰਡ ਦੀ 10ਵੀਂ ਜਮਾਤ ਦੀ ਪ੍ਰੀਖਿਆ ਵਿੱਚ ਜਲੰਧਰ ਜ਼ਿਲ੍ਹੇ ਦਾ ਟਾਪਰ ਰਿਹਾ ਏ। ਲਾਡੋਵਾਲੀ ਰੋਡ ਸਥਿਤ ਸਰਕਾਰੀ ਗਰਲਜ਼ ਸੈਕੰਡਰੀ ਸਕੂਲ ਦੇ ਇੱਕ ਵਿਦਿਆਰਥੀ ਮਹੇਸ਼ ਨੇ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ, ਦ੍ਰਿੜਤਾ ਅਤੇ ਅਨੁਸ਼ਾਸਨ ਨਾਲ 650 ਵਿੱਚੋਂ 643 ਅੰਕ ਪ੍ਰਾਪਤ ਕੀਤੇ। 98.92 ਫੀਸਦੀ ਅੰਕਾਂ ਨਾਲ ਉਸਨੇ ਸੂਬੇ ਦੀ ਮੈਰਿਟ ਸੂਚੀ ਵਿੱਚ ਤੀਜਾ ਸਥਾਨ ਵੀ ਪ੍ਰਾਪਤ ਕੀਤਾ ਏ।

---

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਰਾਸ਼ਟਰੀ ਤਕਨਾਲੋਜੀ ਦਿਵਸ ਦੇ ਮੌਕੇ 'ਤੇ ਦੇਸ਼ ਦੇ ਵਿਗਿਆਨੀਆਂ, ਇੰਜੀਨੀਅਰਾਂ, ਅਤੇ ਖੋਜਕਰਤਾਵਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਜ਼ਿਕਰ ਕੀਤਾ ਕਿ ਇਸ ਦਿਨ ਪੋਖਰਣ ਟੈਸਟ ਰੇਂਜ 'ਤੇ ਪ੍ਰਮਾਣੂ ਪ੍ਰੀਖਣ ਕੀਤੇ ਗਏ ਸਨ, ਜੋ ਕਿ ਦੇਸ਼ ਦੀ

ਆਤਮ -ਨਿਰਭਰਤਾ ਅਤੇ ਰਣਨੀਤਕ ਸ਼ਕਤੀ ਵੱਲ ਯਾਤਰਾ ਵਿੱਚ ਇੱਕ ਪਰਿਭਾਸ਼ਿਤ ਪਲ ਸਾਬਤ ਹੋਇਆ। ਉਨ੍ਹਾਂ ਕਿਹਾ ਕਿ 11 ਮਈ, 1998 ਨੂੰ, ਭਾਰਤ ਨੇ ਦੁਨੀਆ ਨੂੰ ਆਪਣੀਆਂ ਸ਼ਾਨਦਾਰ ਵਿਗਿਆਨਕ ਅਤੇ ਤਕਨੀਕੀ ਸਮਰੱਥਾਵਾਂ ਦਾ ਪ੍ਰਦਰਸ਼ਨ ਕੀਤਾ। ਉਪ ਰਾਸ਼ਟਰਪਤੀ ਨੇ ਕਾਮਨਾ ਕੀਤੀ ਕਿ ਦੇਸ਼ ਆਪਣੇ ਲੋਕਾਂ ਦੀ ਪ੍ਰਤਿਭਾ ਅਤੇ ਸਮਰਪਣ ਵਲੋਂ ਸੰਚਾਲਿਤ ਵਿਗਿਆਨ, ਨਵੀਨਤਾ ਅਤੇ ਤਕਨਾਲੋਜੀ ਦੇ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਕਰਦਾ ਰਹੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਤਕਨਾਲੋਜੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਦਿਨ, ਭਾਰਤ ਉਨ੍ਹਾਂ ਵਿਗਿਆਨੀਆਂ ਦੀ ਅਣਥੱਕ ਮਿਹਨਤ ਅਤੇ ਸਮਰਪਣ ਨੂੰ ਮਾਣ ਨਾਲ ਯਾਦ ਕਰਦਾ ਏ  ਜਿਨ੍ਹਾਂ ਦੇ ਯਤਨਾਂ ਨੇ 1998 ਵਿੱਚ ਸਫਲ ਪੋਖਰਣ ਪ੍ਰੀਖਣਾਂ ਨੂੰ ਸੰਭਵ ਬਣਾਇਆ।

ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਰਾਸ਼ਟਰੀ ਤਕਨਾਲੋਜੀ ਦਿਵਸ ਵਿਗਿਆਨਕ ਨਵੀਨਤਾ, ਤਕਨਾਲੋਜੀ, ਤਰੱਕੀ ਅਤੇ ਵਿਗਿਆਨ, ਸਮਾਜ ਅਤੇ

ਉਦਯੋਗ ਦਰਮਿਆਨ ਤਾਲਮੇਲ ਪ੍ਰਤੀ ਭਾਰਤ ਦੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਏ ।
ਇੱਕ ਅੰਗਰੇਜ਼ੀ ਰੋਜ਼ਾਨਾ ਵਿੱਚ ਪ੍ਰਕਾਸ਼ਿਤ ਇੱਕ ਲੇਖ ਸਾਂਝਾ ਕਰਦੇ ਹੋਏ, ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਇਹ ਦਿਨ 1998 ਦੇ ਸਫਲ ਪੋਖਰਣ ਪ੍ਰਮਾਣੂ ਪ੍ਰੀਖਣਾਂ ਰਾਹੀਂ ਦੇਸ਼ ਦੀ ਇਤਿਹਾਸਕ ਤਕਨੀਕੀ ਪ੍ਰਾਪਤੀ ਦੀ ਯਾਦ ਦਿਵਾਉਂਦਾ ਏ ।

---------------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਦੇ ਸੱਭਿਆਚਾਰ ਵਿਭਾਗ ਨੇ ਮੁੜ ਉਸਾਰੇ ਗਏ ਸੋਮਨਾਥ ਮੰਦਰ ਦੇ ਉਦਘਾਟਨ ਦੀ 75ਵੀਂ ਵਰ੍ਹੇਗੰਢ ਨੂੰ ਮਨਾਉਣ ਲਈ, ਅੱਜ ਚੰਡੀਗੜ੍ਹ ਦੇ ਟੈਗੋਰ ਥੀਏਟਰ ਵਿੱਚ 'ਸੋਮਨਾਥ ਸਵਾਭਿਮਾਨ ਪਰਵ' ਮਨਾਇਆ। ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਵਲੋਂ ਦੇਸ਼ ਵਿਆਪੀ ਯਾਦਗਾਰੀ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਇਸ ਸੂਬਾ -ਪੱਧਰੀ ਪ੍ਰੋਗਰਾਮ ਦੌਰਾਨ, ਸੈਂਕੜੇ ਭਾਗੀਦਾਰਾਂ ਨੇ ਗੁਜਰਾਤ ਦੇ ਪਵਿੱਤਰ ਮੰਦਰ ਤੋਂ ਸਿੱਧਾ ਪ੍ਰਸਾਰਣ ਦੇਖਿਆ। ਸੱਭਿਆਚਾਰ ਸਕੱਤਰ, ਮਨਦੀਪ ਸਿੰਘ ਬਰਾੜ, ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀਆਂ ਦੇ ਨਾਲ ਇਸ

ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਜਸ਼ਨਾਂ ਦੇ ਹਿੱਸੇ ਵਜੋਂ, ਇੱਕ ਕਲਸ਼ ਯਾਤਰਾ ਵੀ ਕੱਢੀ ਗਈ। ਇਸ ਪ੍ਰੋਗਰਾਮ ਨੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਉਜਾਗਰ ਕਰਦਿਆਂ ਵਿਸ਼ਵਾਸ, ਸ਼ਰਧਾ ਅਤੇ ਰਾਸ਼ਟਰੀ ਸਵੈਮਾਣ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ।

---------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵਲੋਂ ਕੀਤੀ ਸਰਹੰਦ ਫਤਹਿ ਨੂੰ ਸਮਰਪਤ ਵਿਸ਼ੇਸ਼ ਧਾਰਮਿਕ ਪ੍ਰੋਗਰਾਮ ਉਲੀਕੇ ਗਏ ਨੇ। ਸ਼੍ਰੋਮਣੀ ਕਮੇਟੀ ਮੈਂਬਰ ਅਵਤਾਰ ਸਿੰਘ ਰਿਆ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਸ੍ਰੀ ਚੱਪੜਚਿੜੀ ਸਾਹਿਬ ਵਿਖੇ 10 ਮਈ ਨੂੰ ਆਰੰਭ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 12 ਮਈ ਨੂੰ ਪਾਏ ਜਾਣਗੇ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸ੍ਰੀ ਚੱਪੜ ਚਿੜੀ ਸਾਹਿਬ ਵਿਖੇ ਅੱਜ ਰਾਤ ਨੂੰ ਦੀਵਾਨ ਸਜਾਏ ਜਾਣਗੇ ਤੇ 12 ਮਈ ਨੂੰ ਗੁਰਦੁਆਰਾ ਸ੍ਰੀ ਚੱਪੜਚਿੜੀ ਸਾਹਿਬ ਲਾਂਡਰਾਂ ਤੋਂ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ

ਛਤਰ ਛਾਇਆ ਹੇਠ ਵਿਸ਼ਾਲ ਫਤਿਹ ਮਾਰਚ ਸਜਾਇਆ ਜਾਵੇਗਾ ।

---------------------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਵੱਕਾਰੀ ਆਲਮੀ ਯੂਨੀਵਰਸਿਟੀ ਰੈਂਕਿੰਗਜ਼ ਫਾਰ ਇਨੋਵੇਸ਼ਨ ਵਿੱਚ "ਯੂਨੀਵਰਸਿਟੀ ਬ੍ਰਾਂਡ ਅਤੇ ਪ੍ਰਤਿਸ਼ਠਾ" ਦੀ ਸ਼੍ਰੇਣੀ ਵਿੱਚ ਵਿਸ਼ਵ ਪੱਧਰ 'ਤੇ 78ਵਾਂ ਸਥਾਨ ਪ੍ਰਾਪਤ ਕਰਕੇ ਇੱਕ ਹੋਰ ਮਹੱਤਵਪੂਰਨ ਅੰਤਰਰਾਸ਼ਟਰੀ ਮੀਲ ਪੱਥਰ ਪ੍ਰਾਪਤ ਕੀਤਾ ਏ। ਇਸ ਰੈਂਕਿੰਗ ਦਾ ਐਲਾਨ ਬੀਤੀ 7 ਮਈ ਨੂੰ ਕੀਤਾ ਗਿਆ ਸੀ। ਇਹ ਪ੍ਰਾਪਤੀ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੁਨੀਆ ਦੀਆਂ ਪ੍ਰਮੁੱਖ ਨਵੀਨਤਾਕਾਰੀ ਯੂਨੀਵਰਸਿਟੀਆਂ ਵਿੱਚ ਸ਼ਾਮਲ ਹੋਈ ਏ ਅਤੇ ਇੱਕ ਮਜ਼ਬੂਤ ਆਲਮੀ ਅਕਾਦਮਿਕ ਬ੍ਰਾਂਡ ਵਜੋਂ ਉਭਰੀ ਏ। ਦੱਸਣਯੋਗ ਏ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਬਹੁਤ ਘੱਟ ਭਾਰਤੀ ਜਨਤਕ ਯੂਨੀਵਰਸਿਟੀਆਂ ਵਿੱਚੋਂ ਇੱਕ ਏ ਜਿਨ੍ਹਾਂ ਨੂੰ ਇਹ ਵੱਕਾਰੀ ਕੌਮਾਂਤਰੀ ਮਾਨਤਾ ਪ੍ਰਾਪਤ ਹੋਈ ਏ। ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ, ਵਾਈਸ-ਚਾਂਸਲਰ ਪ੍ਰੋ.

ਕਰਮਜੀਤ ਸਿੰਘ ਨੇ ਕਿਹਾ ਕਿ ਇਹ ਸਨਮਾਨ ਯੂਨੀਵਰਸਿਟੀ ਨਾਲ ਜੁੜੇ ਫੈਕਲਟੀ, ਵਿਦਿਆਰਥੀਆਂ, ਸਾਬਕਾ ਵਿਦਿਆਰਥੀਆਂ, ਅਧਿਕਾਰੀਆਂ, ਕਰਮਚਾਰੀਆਂ ਅਤੇ ਸਾਰੇ ਹਿੱਸੇਦਾਰਾਂ ਦੇ ਸਮਰਪਣ, ਵਚਨਬੱਧਤਾ ਅਤੇ ਦੂਰਦਰਸ਼ੀ ਯਤਨਾਂ ਦਾ ਸਮੂਹਿਕ ਨਤੀਜਾ ਏ। ਉਨ੍ਹਾਂ ਕਿਹਾ ਕਿ ਇਹ ਮਾਨਤਾ ਯੂਨੀਵਰਸਿਟੀ ਨੂੰ ਉੱਤਮਤਾ, ਨਵੀਨਤਾ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਹੋਰ ਵੀ ਵੱਡੀ ਵਚਨਬੱਧਤਾ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗੀ।

---

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅੱਜ ਤੋਂ 15 ਮਈ ਤੱਕ ਪੰਜ ਦਿਨਾਂ ਲਈ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਦੋਵਾਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਕੱਲ੍ਹ ਲਈ ਓਰੇਂਜ ਅਲਰਟ ਜਾਰੀ ਕੀਤਾ ਏ , ਜਿਸ ਤੋਂ ਬਾਅਦ 15 ਮਈ ਤੱਕ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਨ੍ਹਾਂ ਦਿਨਾਂ ਦੌਰਾਨ ਗਰਜ ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਤੇ ਤੇਜ਼ ਹਵਾਵਾਂ ਵਗਣ ਦੀ ਸੰਭਾਵਨਾ ਜਤਾਈ ਗਈ ਏ ।

ਹਾਲਾਂਕਿ, ਇਨ੍ਹਾਂ ਦਿਨਾਂ ਦੌਰਾਨ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਵੱਡਾ ਬਦਲਾਅ ਨਹੀਂ ਹੋਵੇਗਾ । ਇਸ ਦੌਰਾਨ, ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਬਠਿੰਡਾ ਚ 38.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦੋਂ ਕਿ ਹਰਿਆਣਾ ਵਿੱਚ 38.8 ਡਿਗਰੀ ਸੈਲਸੀਅਸ ਤਾਪਮਾਨ ਨਾਲ ਰੋਹਤਕ ਸਭ ਤੋਂ ਗਰਮ ਜ਼ਿਲ੍ਹਾ ਰਿਹਾ ।

---

IPL ਕ੍ਰਿਕੇਟ ਵਿੱਚ, ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ, ਧਰਮਸ਼ਾਲਾ ਵਿੱਚ ਸ਼ਾਮੀਂ ਸਾਢੇ 7 ਵਜੇ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

---

- ਸਰਕਾਰ ਨੇ ਕਿਹਾ -ਕਿਸੇ ਵੀ ਪੈਟਰੋਲੀਅਮ ਉਤਪਾਦ ਦੀ ਕੋਈ ਕਮੀ ਨਹੀਂ ਏ ਅਤੇ ਦੇਸ਼ ਕੋਲ 60 ਦਿਨਾਂ ਦਾ ਕੱਚਾ ਤੇਲ ਤੇ ਕੁਦਰਤੀ ਗੈਸ ਅਤੇ 45 ਦਿਨਾਂ ਦਾ LPG ਭੰਡਾਰ ਮੌਜੂਦ ਏ ।

- ਪੰਜਾਬ ਰਾਜ ਚੋਣ ਕਮਿਸ਼ਨ ਵਲੋਂ ਸੂਬੇ ਵਿੱਚ 26 ਮਈ ਨੂੰ ਹੋਣ ਵਾਲੀਆਂ, 105 ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਲਈ ਚੋਣ ਪ੍ਰੋਗਰਾਮ ਦਾ ਐਲਾਨ -ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।
- ਪੰਜਾਬ ਸਕੂਲ ਸਿੱਖਿਆ ਬੋਰਡ ਨੇ 10ਵੀਂ ਜਮਾਤ ਦਾ ਨਤੀਜਾ ਐਲਾਨਿਆ-ਪਾਸ ਫ਼ੀਸਦ 94.52 ਫੀਸਦੀ ਰਹੀ-ਕੁੜੀਆਂ ਨੇ ਮੁੰਡਿਆਂ ਨੂੰ ਪਿਛੇ ਛੱਡਦਿਆਂ ਫਰੀਦਕੋਟ ਦੇ ਜੈਤੋ ਦੀ ਹਰਲੀਨ ਸ਼ਰਮਾ ਰਹੀ ਅਵੱਲ I
- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਹਨੇਰੀ-ਝੱਖੜ ਨਾਲ ਬਿਜਲੀ ਲਿਸ਼ਕਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ। ਅਤੇ
- -IPL ਕ੍ਰਿਕੇਟ ਵਿੱਚ, ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ, ਧਰਮਸ਼ਾਲਾ ਵਿੱਚ ਸ਼ਾਮੀਂ ਸਾਢੇ 7 ਵਜੇ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬ ਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ ' ਤੇ**

**ਨਮਸਕਾਰ !**